27_Nov_Jalandhar_5, 6, 7, 8.qxd 11/28/2025 1:02 AM Page 4

ਉਲੰਪੀਅਨ ਮਹਿੰਦਰ ਸਿੰਘ ਮੁਨਸ਼ੀ ਹਾਕੀ ਟੂਰਨਾਮੈਂਟ ਦਾ ਉਦਘਾਟਨ ਕਰਦੇ ਹੋਏ ਕੁਮਾਰ ਗੌਰਵ ਧਵਨ ਕਮਿਸ਼ਨਰ ਸੈਂਟਰਲ ਜੀ. ਐਸ. ਟੀ. ਵਿਭਾਗ ਨਾਲ ਪ੍ਰਬੰਧਕ ਕਮੇਟੀ ਦੇ ਮੈਂਬਰ।

ਉਲੰਪੀਅਨ ਮਹਿੰਦਰ ਸਿੰਘ ਮੁਣਸ਼ੀ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਕੁਮਾਰ ਗੌਰਵ ਧਵਨ ਕਮਿਸ਼ਨਰ ਸੈਂਟਰਲ ਜੀ. ਐਸ. ਟੀ. ਵਿਭਾਗ ਨਾਲ ਉਲੰਪੀਅਨ ਦਵਿੰਦਰ ਸਿੰਘ ਗਰਚਾ। ਤਸਵੀਰਾਂ : ਜੀ. ਪੀ. ਸਿੰਘ

25ਵੇਂ ਉਲੰਪੀਅਨ ਮਹਿੰਦਰ ਸਿੰਘ ਮੁਨਸ਼ੀ ਹਾਕੀ ਟੂਰਨਾਮੈਂਟ ਦਾ ਸ਼ਾਨਦਾਰ ਆਗਾਜ਼

ਆਰਮੀ ਬੁਆਏਜ਼ ਬੈਂਗਲੂਰ, ਹਾਬੜੀ ਕਲੱਬ ਕੈਥਲ, ਮੇਜਰ ਧਿਆਨ ਚੰਦ ਅਕੈਡਮੀ ਸੇਫਈ ਅਤੇ ਸਾਈ ਦਿੱਲੀ ਦੀਆਂ ਟੀਮਾਂ ਵਲੋਂ ਜਿੱਤਾਂ ਦਰਜ

ਜਲੰਧਰ, 27 ਨਵੰਬਰ (ਡਾ.ਜਤਿੰਦਰ ਸਾਬੀ)-25ਵੇਂ ਉਲੰਪੀਅਨ ਮਹਿੰਦਰ ਸਿੰਘ ਮੁਨਸ਼ੀ ਹਾਕੀ ਟੂਰਨਾਮੈਂਟ ਦਾ ਆਗਾਜ਼ ਬੀ.ਐਸ.ਐਫ. ਐਸਟਰੋਟਰਫ ਮੈਦਾਨ 'ਚ ਸ਼ਾਨਦਾਰ ਅੰਦਾਜ਼ 'ਚ ਕੀਤਾ ਗਿਆ। ਟੂਰਨਾਮੈਂਟ ਦਾ ਉਦਘਾਟਨ ਕੁਮਾਰ ਗੌਰਵ ਧਵਨ ਕਮਿਸ਼ਨਰ ਸੈਂਟਰਲ ਜੀ.ਐਸ.ਟੀ. ਵਿਭਾਗ ਨੇ ਕੀਤਾ। ਪਹਿਲੇ ਦਿਨ ਖੇਡੇ ਗਏ ਮੈਚਾਂ 'ਚ ਆਰਮੀ ਬੁਆਏਜ਼ ਬੈਂਗਲੂਰ, ਹਾਬੜੀ ਕਲੱਬ ਕੈਥਲ, ਮੇਜਰ ਧਿਆਨ ਚੰਦ ਅਕੈਡਮੀ ਸੇਫਈ ਅਤੇ ਸਾਈ ਦਿੱਲੀ ਦੀਆਂ ਟੀਮਾਂ ਵਲੋਂ ਜਿੱਤਾਂ ਦਰਜ ਕੀਤੀਆਂ ਗਈਆਂ। ਪਹਿਲੇ ਮੈਚ ਵਿੱਚ ਆਰਮੀ ਬੁਆਏਜ਼ ਬੈਂਗਲੂਰ ਨੇ ਦਸ਼ਮੇਸ਼ ਕਲੱਬ ਢੁਡੀਕੇ ਨੂੰ 6-0 ਨਾਲ ਮਾਤ ਦਿੱਤੀ। ਦੂਜੇ ਮੈਚ ਵਿੱਚ ਹਾਬੜੀ ਕਲੱਬ ਕੈਥਲ ਨੇ ਜਰਖੜ ਅਕੈਡਮੀ ਨੂੰ 7-0 ਨਾਲ ਹਰਾਇਆ। ਤੀਜੇ ਮੈਚ ਵਿੱਚ ਮੇਜਰ ਧਿਆਨ ਚੰਦ ਅਕੈਡਮੀ ਸੇਫਈ ਨੇ ਸੰਗਰੂਰ ਹਾਕੀ ਅਕੈਡਮੀ ਨੂੰ ਸਖਤ ਮੁਕਾਬਲੇ ਮਗਰੋਂ 3-2 ਨਾਲ ਹਰਾਇਆ। ਚੌਥੇ ਮੈਚ ਵਿੱਚ ਸਾਈ ਦਿੱਲੀ ਨੇ ਹਿਮਾਚਲ ਅਕੈਡਮੀ ਨੂੰ 6-0 ਨਾਲ ਹਰਾਇਆ। ਅੱਜ ਦੇ ਮੈਚਾਂ ਸਮੇਂ ਸਾਹਿਬ ਸਿੰਘ ਹੁੰਦਲ ਨੇ ਸਮਾਰੋਹ ਦੀ ਪ੍ਰਧਾਨਗੀ ਕੀਤੀ। ਇਸ ਮੌਕੇ ਉਲੰਪੀਅਨ ਦਵਿੰਦਰ ਸਿੰਘ ਗਰਚਾ, ਸੁਖਵਿੰਦਰ ਸਿੰਘ, ਉਲੰਪੀਅਨ ਸੰਜੀਵ ਕੁਮਾਰ, ਹਰਜਿੰਦਰ ਸਿੰਘ ਰਿਆੜ, ਇਕਬਾਲ ਸਿੰਘ ਸੰਧੂ, ਜਸਵਿੰਦਰ ਸਿੰਘ ਪਟਵਾਰੀ, ਮਹਾਬੀਰ ਸਿੰਘ, ਸਤਪਾਲ ਸਿੰਘ ਮੁਨਸ਼ੀ, ਧਰਮਪਾਲ ਸਿੰਘ, ਮੋਹਿੰਦਰ ਪਾਲ ਸਿੰਘ, ਰਾਮ ਸਰਨ, ਬਲਜੀਤ ਸਿੰਘ ਭੁੱਲਰ, ਕ੍ਰਿਪਾਲ ਸਿੰਘ ਮਠਾਰੂ, ਸਰਬਤੇਜ ਸਿੰਘ, ਰਿਪੁਦਮਨ ਕੁਮਾਰ ਸਿੰਘ, ਭੁਪਿੰਦਰ ਸਿਘ, ਦਲਜੀਤ ਸਿੰਘ, ਕੁਲਜੀਤ ਸਿੰਘ ਰੰਧਾਵਾ, ਰਿਪੁਦਮਨ ਸ਼ਰਮਾ, ਹਰਿੰਦਰ ਸਿੰਘ ਸੰਘਾ, ਮਨਜੀਤ ਸਿੰਘ ਯੂਐਸਏ, ਟੀ ਐਸ ਰੰਧਾਵਾ, ਰਜਿੰਦਰ ਸਿੰਘ, ਸੁਖਜੀਵਨ ਸਿੰਘ, ਧਰਮਿੰਦਰ ਸਿੰਘ, ਤਲਵਿੰਦਰ ਸਿੰਘ, ਸੰਦੀਪ ਕੋਹਲੀ, ਅਵਤਾਰ ਸਿੰਘ, ਜਗਜੀਤ ਸਿੰਘ, ਇੰਦਰਦੀਪ ਸਿੰਘ, ਗੁਰਜੀਤ ਸਿੰਘ, ਰਾਕੇਸ਼ ਕੁਮਾਰ ਮੀਨਾ, ਸੁਰਿੰਦਰ ਸਿੰਘ, ਦਲਜੀਤ ਸਿੰਘ ਭੰਡਾਲ, ਜਸਵਿੰਦਰ ਸਿੰਘ, ਕੁਲਦੀਪ ਸਿੰਘ, ਰਵਿੰਦਰ ਸਿੰਘ, ਪਰਗਟ ਸਿੰਘ, ਗੁਰਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਕੁਲਜੀਤ ਸਿੰਘ, ਕੁਲਦੀਪ ਸਿੰਘ ਅਤੇ ਲਕਸ਼ੇ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਜਾਣਕਾਰੀ ਦਿੰਦੇ ਹੋਏ ਸੰਤ ਬਾਬਾ ਭਗਵਾਨ ਸਿੰਘ ਹਰਖੋਵਾਲੀਏ, ਹਰਜਿੰਦਰ ਸਿੰਘ ਜਿੰਦਾ, ਜਤਿੰਦਰਪਾਲ ਸਿੰਘ ਮਝੈਲ ਤੇ ਹੋਰ। ਤਸਵੀਰ : ਜੀ. ਪੀ. ਸਿੰਘ

ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਡੇਰਾ ਸੰਤਗੜ੍ਹ ਵਿਖੇ ਗੁਰਮਤਿ ਸਮਾਗਮ ਕੱਲ੍ਹ

ਜਲੰਧਰ, 27 ਨਵੰਬਰ (ਹਰਵਿੰਦਰ ਸਿੰਘ ਫੁੱਲ)-ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ 29 ਨਵੰਬਰ ਨੂੰ ਗੁਰਦੁਆਰਾ ਡੇਰਾ ਸੰਤਗੜ੍ਹ ਹਰਖੋਵਾਲੀਏ ਕਪੂਰਥਲਾ ਰੋਡ, ਜਲੰਧਰ ਵਿਖੇ ਆਵਾਜ਼-ਏ-ਕੌਮ ਜਥੇਬੰਦੀ ਵਲੋਂ ਸੰਤ ਭਗਵਾਨ ਸਿੰਘ ਹਰਖੋਵਾਲੀਆਂ ਦੀ ਦੇਖ-ਰੇਖ 'ਚ ਕਰਵਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦੇ ਹੋਏ ਜਥੇਬੰਦੀ ਦੇ ਸਲਾਹਕਾਰ ਹਰਜਿੰਦਰ ਸਿੰਘ ਜਿੰਦਾ ਅਤੇ ਪ੍ਰਧਾਨ ਮਨਜੀਤ ਸਿੰਘ ਦੱਸਿਆ ਕਿ ਸਮਾਗਮ 'ਚ ਗੁਰਬਾਣੀ ਕੀਰਤਨ ਤੋਂ ਇਲਾਵਾ ਨੌਵੇਂ ਪਾਤਿਸ਼ਾਹ ਜੀ ਦੀ ਸ਼ਹਾਦਤ ਨਾਲ ਸੰਬੰਧਿਤ ਕੁੱਝ ਅਣਗੌਲੇ ਤੱਥਾਂ ਅਤੇ ਅਧੂਰੀਆਂ ਵਿਆਖਿਆਵਾਂ ਬਾਰੇ ਵਿਚਾਰ-ਚਰਚਾ ਅਤੇ ਲੈਕਚਰ ਵੀ ਹੋਣਗੇ। ਇਸ ਮੌਕੇ ਜਥੇਬੰਦੀ ਦੇ ਮੈਂਬਰ ਬਲਦੇਵ ਸਿੰਘ, ਜਤਿੰਦਰਪਾਲ ਸਿੰਘ ਮਝੈਲ, ਜਸਵੰਤ ਸਿੰਘ, ਪ੍ਰਤਾਪ ਸਿੰਘ, ਬਲਦੇਵ ਸਿੰਘ ਤੇ ਹੋਰ ਹਾਜ਼ਰ ਸਨ।

ਵੇਰਕਾ ਮਿਲਕ ਪਲਾਂਟ ਨੇੜੇ 2 ਬੱਚਿਆਂ ਦੀ ਮਾਂ ਸ਼ੱਕੀ ਹਾਲਾਤਾਂ 'ਚ ਲਾਪਤਾ

ਮਕਸੂਦਾਂ, 27 ਨਵੰਬਰ (ਸੌਰਵ ਨਹੀਂ ਲੱਗਿਆ। ਰੁਲਦਾ ਕੁਮਾਰ ਨੇ ਮਹਿਤਾ)-ਵੇਰਕਾ ਮਿਲਕ ਪਲਾਂਟ ਦੇ ਨੇੜੇ ਗੁਰਬਚਨ ਨਗਰ 'ਚ ਇਕ ਮਹਿਲਾ ਦੇ ਲਾਪਤਾ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਲਾਪਤਾ ਹੋਈ ਮਹਿਲਾ ਬਾਰੇ ਉਸ ਦੇ ਪਤੀ ਰੁਲਦਾ ਕੁਮਾਰ ਨੇ ਦੱਸਿਆ ਕਿ ਉਸ ਦੀ ਪਤਨੀ ਪੂਜਾ (ਦੋ ਬੱਚਿਆਂ ਦੀ ਮਾਂ) 16 ਨਵੰਬਰ ਨੂੰ ਕੰਮ ਲਈ ਘਰ ਤੋਂ ਨਿੱਕਲੀ ਸੀ ਪਰ ਸ਼ਾਮ ਤੱਕ ਘਰ ਵਾਪਸ ਨਾ ਆਈ। ਇਸ ਤੋਂ ਬਾਅਦ ਪਰਿਵਾਰ ਨੇ ਉਸ ਦੀ ਕਾਫੀ ਥਾਵਾਂ 'ਤੇ ਭਾਲ ਕੀਤੀ ਪਰ ਕੋਈ ਪਤਾ ਨਹੀਂ ਲੱਗਿਆ। ਪੀੜਤ ਪਰਿਵਾਰ ਨੇ ਪੁਲਿਸ ਪ੍ਰਸ਼ਾਸਨ ਨੂੰ ਬੇਨਤੀ ਕੀਤੀ ਹੈ ਕਿ ਮਹਿਲਾ ਦੀ ਤਲਾਸ਼ ਨੂੰ ਤੇਜ਼ ਕੀਤਾ ਜਾਵੇ।

ਲਾਪਤਾ ਹੋਈ ਮਹਿਲਾ ਪੂਜਾ ਦੀ ਪੁਰਾਣੀ ਤਸਵੀਰ

ਸੰਤ ਸਿਪਾਹੀ ਗਤਕਾ ਅਖਾੜਾ ਮਿਸਲ ਸ਼ਹੀਦਾਂ ਤਰਨਾ ਦਲ ਵਲੋਂ ਮਹੱਲਾ ਨਿਹੰਗ ਸਿੰਘਾਂ ਦਾ 7 ਦਸੰਬਰ ਨੂੰ

ਜਲੰਧਰ, 27 ਨਵੰਬਰ (ਹਰਵਿੰਦਰ ਸਿੰਘ ਫੁੱਲ)-ਸੰਤ ਸਿਪਾਹੀ ਗਤਕਾ ਅਖਾੜਾ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਵਲੋਂ ਛੇਵਾਂ ਮਹੱਲਾ ਨਿਹੰਗ ਸਿੰਘਾਂ ਘੋੜ ਦੌੜਾਂ ਅਤੇ ਗਤਕੇ ਦਾ ਪ੍ਰਦਰਸ਼ਨ 7 ਦਸੰਬਰ ਦਿਨ ਐਤਵਾਰ ਨੂੰ ਬਰਲਟਨ ਪਾਰਕ ਵਿਖੇ ਕੀਤਾ ਜਾ ਰਿਹਾ ਹੈ। ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਗੁਰਸਿੱਖਾਂ ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਦਿਹਾੜੇ ਨੂੰ ਸਮਰਪਿਤ ਕਰਵਾਏ ਜਾ ਰਹੇ ਇਸ ਪ੍ਰੋਗਰਾਮ ਦੀ ਸ਼ੁਰੂਆਤ 6 ਦਸੰਬਰ ਨੂੰ ਹੋਵੇਗੀ। ਇਸ ਦੀਆਂ ਤਿਆਰੀਆਂ ਸੰਬੰਧੀ ਇਕ ਵਿਸ਼ੇਸ਼ ਮੀਟਿੰਗ ਗੁਰਦੁਆਰਾ ਨੌਵੀਂ ਪਾਤਿਸ਼ਾਹੀ ਦੂਖ ਨਿਵਾਰਨ ਸਾਹਿਬ ਗੁਰੂ ਤੇਗ ਬਹਾਦਰ ਨਗਰ ਵਿਖੇ ਹੋਈ ਜਿਸ ਵਿਚ ਸਿੰਘ ਸਭਾਵਾਂ ਅਤੇ ਧਾਰਮਿਕ ਜਥੇਬੰਦੀਆਂ ਦੇ ਪ੍ਰਤੀਨਿਧੀਆਂ ਨੇ ਪਹੁੰਚ ਕੇ ਆਪਣੇ ਵਿਚਾਰ ਪ੍ਰਗਟ ਕੀਤੇ। ਮੀਟਿੰਗ ਉਪਰੰਤ ਜਾਣਕਾਰੀ ਦਿੰਦੇ ਹੋਏ ਬਾਬਾ ਭਵਨਜੀਤ ਸਿੰਘ ਅਤੇ ਭਾਈ ਭੁਪਿੰਦਰ ਸਿੰਘ ਗੋਲਡੀ ਨੇ ਦੱਸਿਆ ਕਿ 6 ਦਸੰਬਰ ਨੂੰ ਰਾਣੀ ਬਾਗ ਬਸਤੀ ਪੀਰ ਦਾਦ ਵਿਖੇ ਕੀਰਤਨ ਸਮਾਗਮ ਨਾਲ ਪ੍ਰੋਗਰਾਮ ਦੀ ਸ਼ੁਰੂਆਤ ਹੋਵੇਗੀ। ਇਸੇ ਦਿਨ ਦੁਪਹਿਰ 12 ਵਜੇ ਅੰਮ੍ਰਿਤ ਸੰਚਾਰ ਵੀ ਕਰਵਾਇਆ ਜਾ ਰਿਹਾ ਹੈ। ਦਿਨ ਐਤਵਾਰ 7 ਦਸੰਬਰ ਨੂੰ ਮੁਹੱਲਾ ਨਿਹੰਗ ਸਿੰਘਾਂ ਅਤੇ ਘੋੜ ਦੌੜਾਂ ਅਤੇ ਗਤਕੇ ਦਾ ਪ੍ਰਦਰਸ਼ਨ ਬਰਲਟਨ ਪਾਰਕ ਵਿਖੇ ਕੀਤਾ ਜਾਏਗਾ। ਮਹੱਲਾ ਨਿਹੰਗ ਸਿੰਘਾਂ ਦੀ ਸ਼ੁਰੂਆਤ ਸਵੇਰੇ 10 ਵਜੇ ਰਾਣੀ ਬਾਗ ਬਸਤੀ ਪੀਰ ਦਾਤ ਤੋਂ ਹੋਵੇਗੀ। ਇਸ ਮੌਕੇ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਜਥੇਦਾਰ ਜਗਜੀਤ ਸਿੰਘ ਗਾਬਾ, ਕਾਰਜਕਾਰੀ ਪ੍ਰਧਾਨ ਕੰਵਲਜੀਤ ਸਿੰਘ ਟੋਨੀ, ਮਨਜੀਤ ਸਿੰਘ ਠੁਕਰਾਲ, ਹਰਜਿੰਦਰ ਸਿੰਘ ਲੈਂਡਲਾਰਡ, ਇੰਦਰਪਾਲ ਸਿੰਘ, ਕੁਲਵਿੰਦਰ ਸਿੰਘ ਮੱਲੀ, ਪਰਮਪ੍ਰੀਤ ਸਿੰਘ ਵਿੱਟੀ, ਪ੍ਰਿਤਪਾਲ ਸਿੰਘ, ਜਤਿੰਦਰ ਪਾਲ ਸਿੰਘ ਹਜੂਰੀਆ, ਗੁਰਜੀਤ ਸਿੰਘ ਪੋਪਲੀ, ਹਰਜੋਤ ਸਿੰਘ ਲੱਕੀ, ਸਤਪਾਲ ਸਿੰਘ ਸਿਦਕੀ, ਪ੍ਰਦੀਪ ਸਿੰਘ ਵਿੱਕੀ, ਨਿਹੰਗ ਸਿੰਘ ਫੌਜਾਂ ਵੱਲੋਂ ਨਵਜੀਤ ਸਿੰਘ, ਅੰਮ੍ਰਿਤ ਪਾਲ ਸਿੰਘ, ਹਰ ਕਮਲ ਸਿੰਘ, ਸੁਰਜੀਤ ਸਿੰਘ ਅਤੇ ਹੋਰ ਪ੍ਰਮੁੱਖ ਵਿਅਕਤੀ ਸ਼ਾਮਿਲ ਸਨ।

ਮੀਟਿੰਗ ਦੌਰਾਨ ਮਹੱਲਾ ਨਿਹੰਗ ਸਿੰਘ ਦਾ ਪ੍ਰੋਗਰਾਮ ਜਾਰੀ ਕਰਦੇ ਹੋਏ ਵੱਖ-ਵੱਖ ਜਥੇਬੰਦੀਆਂ ਦੇ ਪ੍ਰਮੁੱਖ ਆਗੂ। ਤਸਵੀਰ : ਜੀ.ਪੀ.ਸਿੰਘ

ਗੁਰਮਤਿ ਸਮਾਗਮ ਸੰਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਕੁਲਦੀਪ ਸਿੰਘ ਪਾਇਲਟ ਪ੍ਰਧਾਨ, ਅਮਰਜੀਤ ਸਿੰਘ ਕਿਸ਼ਨਪੁਰਾ, ਮਨਿੰਦਰਪਾਲ ਸਿੰਘ ਗੁੰਬਰ ਤੇ ਹੋਰ। ਤਸਵੀਰ : ਜੀ.ਪੀ.ਸਿੰਘ

ਗੁਰਦੁਆਰਾ ਸੋਡਲ ਨਿਹੰਗ ਸਿੰਘ ਵਿਖੇ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਮਤਿ ਸਮਾਗਮ ਭਲਕੇ

ਜਲੰਧਰ, 27 ਨਵੰਬਰ (ਹਰਵਿੰਦਰ ਸਿੰਘ ਫੁੱਲ)-ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ, ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ 29 ਨਵੰਬਰ ਦਿਨ ਸਨਿਚਰਵਾਰ ਨੂੰ ਸ਼ਾਮ 6 ਵਜੇ ਤੋਂ ਰਾਤ 10:30 ਵਜੇ ਤੱਕ ਗੁਰਦੁਆਰਾ ਸੋਡਲ ਛਾਉਣੀ ਨਿਹੰਗ ਸਿੰਘਾਂ ਵਿਖੇ ਜਿੰਦਾ ਸ਼ਹੀਦ ਬਾਬਾ ਨਿਹਾਲ ਸਿੰਘ ਜੀ ਹਰੀਆਂ ਵੇਲਾਂ ਵਾਲਿਆਂ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦੇ ਹੋਏ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਕੁਲਦੀਪ ਸਿੰਘ ਪਾਇਲਟ ਨੇ ਦੱਸਿਆ ਕਿ ਗੁਰਮਤਿ ਸਮਾਗਮ ਮੌਕੇ ਜਿੰਦਾ ਸ਼ਹੀਦ ਬਾਬਾ ਨਿਹਾਲ ਸਿੰਘ ਜੀ ਹਰੀਆਂ ਵੇਲਾਂ, ਕਥਾਵਾਚਕ ਭਾਈ ਜਸਵੰਤ ਸਿੰਘ ਪਰਵਾਨਾ, ਭਾਈ ਨਿਰਭੈ ਸਿੰਘ ਅਤੇ ਭਾਈ ਸਤਿੰਦਰਬੀਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੇ ਭਾਈ ਕੁਲਵਿੰਦਰ ਸਿੰਘ ਜਲੰਧਰ ਵਾਲੇ ਉਚੇਚੇ ਤੌਰ ਤੇ ਹਾਜ਼ਰੀਆਂ ਭਰਨ ਲਈ ਪਹੁੰਚ ਰਹੇ ਹਨ। ਇਸ ਮੌਕੇ ਅਮਰਜੀਤ ਸਿੰਘ ਕਿਸ਼ਨਪੁਰਾ, ਮਨਿੰਦਰਪਾਲ ਸਿੰਘ ਗੁੰਬਰ, ਸੁਰਜੀਤ ਸਿੰਘ ਭੂਈ, ਸੁਰਿੰਦਰ ਸਿੰਘ ਬਿੱਟੂ, ਗੁਰਸ਼ਿੰਦਰ ਸਿੰਘ ਗੋਪੀ, ਹਰਬੰਸ ਸਿੰਘ ਧੂਪੜ, ਇੰਦਰਪ੍ਰੀਤ ਸਿੰਘ ਇੰਦੀ, ਮਾਸਟਰ ਅਮਰੀਕ ਸਿੰਘ ਨਿਹੰਗ ਸਿੰਘ, ਭੁਪਿੰਦਰ ਸਿੰਘ ਖਰਬੰਦਾ, ਨਵਨੀਤ ਸਿੰਘ, ਸੁਖਵਿੰਦਰ ਕਾਲੀਆ, ਬਹਾਦਰ ਸਿੰਘ ਸੁਖਵਿੰਦਰ ਸਿੰਘ ਸੋਢੀ ਆਦਿ ਹਾਜ਼ਰ ਸਨ।

ਸੇਂਟ ਸੋਲਜਰ ਲਾਅ ਕਾਲਜ 'ਚ ਸੰਵਿਧਾਨ ਦਿਵਸ ਮਨਾਇਆ

ਜਲੰਧਰ, 27 ਨਵੰਬਰ (ਪਵਨ ਖਰਬੰਦਾ)-ਸੇਂਟ ਸੋਲਜਰ ਲਾਅ ਕਾਲਜ ਜਲੰਧਰ ਨੇ ਭਾਰਤ ਦਾ ਸੰਵਿਧਾਨ ਦਿਵਸ ਮਨਾਇਆ। ਇਹ ਸਮਾਗਮ ਕਾਲਜ ਡਾਇਰੈਕਟਰ ਡਾ. ਐਸ. ਸੀ. ਸ਼ਰਮਾ ਦੀ ਨਿਗਰਾਨੀ ਹੇਠ ਕਰਵਾਇਆ ਗਿਆ। ਇਸ ਸਮਾਗਮ ਦਾ ਉਦੇਸ਼ ਭਾਰਤੀ ਸੰਵਿਧਾਨ ਨੂੰ ਅਪਣਾਉਣ ਦਾ ਸਨਮਾਨ ਕਰਨਾ ਅਤੇ ਵਿਦਿਆਰਥੀਆਂ ਵਿੱਚ ਸੰਵਿਧਾਨਕ ਅਧਿਕਾਰਾਂ ਪ੍ਰਤੀ ਜਾਗਰੂਕਤਾ ਨੂੰ ਉਤਸ਼ਾਹਿਤ ਕਰਨਾ ਸੀ। ਪ੍ਰੋਗਰਾਮ 'ਚ ਭਾਸ਼ਨ ਅਤੇ ਸੰਵਿਧਾਨ ਵਿੱਚ ਦਰਜ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਦੀ ਸਹੁੰ ਚੁੱਕਣਾ ਸ਼ਾਮਿਲ ਸੀ। ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ, ਜੋ ਰਾਸ਼ਟਰੀ ਅਖੰਡਤਾ ਅਤੇ ਲੋਕਤੰਤਰੀ ਸਿਧਾਂਤਾਂ ਪ੍ਰਤੀ ਆਪਣੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸ੍ਰੀਮਤੀ ਗੀਤਾਂਜਲੀ, ਡਾ. ਰਾਜੀਵ ਸ਼ਰਮਾ, ਸ੍ਰੀਮਤੀ ਨੰਦਨੀ, ਸ੍ਰੀਮਤੀ ਅੰਮ੍ਰਿਤਪਾਲ ਕੌਰ, ਡਾ. ਐਸ.ਸੀ. ਸ਼ਰਮਾ, ਸ੍ਰੀਮਤੀ ਰਿੰਕਾ ਨੇ ਭਾਸ਼ਣ ਦਿੱਤਾ। ਕਾਲਜ ਨੇ ਨਾਗਰਿਕ ਫਰਜ਼ ਦੀ ਭਾਵਨਾ ਨੂੰ ਉਤਸ਼ਾਹਿਤ ਕਰਦੇ ਹੋਏ ਸੰਵਿਧਾਨਕ ਅਧਿਕਾਰਾਂ ਅਤੇ ਜ਼ਿੰਮੇਵਾਰੀਆਂ 'ਤੇ ਚਰਚਾ ਕੀਤੀ। ਚੇਅਰਮੈਨ ਅਨਿਲ ਚੋਪੜਾ ਨੇ ਕਾਲਜ ਦੀ ਪਹਿਲਕਦਮੀ ਦੀ ਸ਼ਲਾਘਾ ਕੀਤੀ।

ਸਮਾਗਮ ਦੌਰਾਨ ਹਾਜ਼ਰ ਪ੍ਰਬੰਧਕ ਤੇ ਵਿਦਿਆਰਥੀ। ਤਸਵੀਰ-ਮੁਨੀਸ਼

ਮਾਸੂਮ ਬੱਚੀ ਦੇ ਕਾਤਲ ਨੂੰ ਸਖ਼ਤ ਸਜ਼ਾ ਦਿੱਤੀ ਜਾਵੇ-ਬਿੱਟਾ, ਢਿੱਲੋਂ

ਜਲੰਧਰ, 27 ਨਵੰਬਰ (ਜਸਪਾਲ ਸਿੰਘ)-ਜਲੰਧਰ ਦੇ ਪਾਰਸ ਇਨਕਲੇਵ ਵਿਖੇ ਪਿਛਲੇ ਦਿਨੀਂ ਇਕ ਮਾਸੂਮ ਬੱਚੀ ਨੂੰ ਮਾਰਨ ਵਾਲੇ ਦੋਸ਼ੀ ਨੂੰ ਸਖਤ ਤੋਂ ਸਖਤ ਤੇ ਮਿਸਾਲੀ ਸਜ਼ਾ ਦਿੱਤੀ ਜਾਵੇ। ਇਹ ਮੰਗ ਭਾਜਪਾ ਕਿਸਾਨ ਮੋਰਚਾ ਦੇ ਸੂਬਾ ਜਨਰਲ ਸਕੱਤਰ ਤੇ ਜ਼ਿਲ੍ਹਾ ਪ੍ਰਧਾਨ ਕਰਨੈਲ ਸਿੰਘ ਢਿੱਲੋਂ ਨੇ ਕਰਦਿਆਂ ਕਿਹਾ ਕਿ ਇਹ ਕੇਸ ਫਾਸਟ ਟਰੈਕ 'ਚ ਚਲਾ ਕੇ ਪੀੜਤ ਪਰਿਵਾਰ ਨੂੰ ਇਨਸਾਫ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਉਕਤ ਦੋਸ਼ੀ ਵਲੋਂ ਅਜਿਹੇ ਘਿਨਾਉਣੇ ਕਾਰਨਾਮੇ ਨੂੰ ਅੰਜਾਮ ਦਿੱਤਾ ਗਿਆ, ਜਿਸ ਦੀ ਕਲਪਨਾ ਕਰਨਾ ਵੀ ਮੁਸ਼ਕਿਲ ਹੈ। ਸਤਨਾਮ ਬਿੱਟਾ ਤੇ ਕਰਨੈਲ ਸਿੰਘ ਢਿਲੋਂ ਨੇ ਕਿਹਾ ਕਿ ਇਕ ਮਾਸੂਮ ਬੱਚੇ, ਜਿਸ ਨੂੰ ਅਜੇ ਦੁਨੀਆਂਦਾਰੀ ਬਾਰੇ ਕੁੱਝ ਵੀ ਗਿਆਨ ਨਹੀਂ ਸੀ ਨੂੰ ਇਸ ਤਰ੍ਹਾਂ ਬੇਰਹਿਮ ਤਰੀਕੇ ਨਾਲ ਹੱਤਿਆ ਕਰਨ ਵਾਲਾ ਵਿਅਕਤੀ ਕਿਸੇ ਵੀ ਸੂਰਤ 'ਚ ਰਹਿਮ ਦਾ ਹੱਕਦਾਰ ਨਹੀਂ ਹੈ ਤੇ ਅਜਿਹੇ ਵਿਅਕਤੀ ਨੂੰ ਮਿਸਾਲੀ ਸਜ਼ਾ ਦਿੱਤੀ ਜਾਣੀ ਚਾਹੀਦੀ ਹੈ। ਇਸ ਮੌਕੇ ਉਨ੍ਹਾਂ ਪੀੜਤ ਪਰਿਵਾਰ ਨਾਲ ਆਪਣੀ ਹਮਦਰਦੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਸਮੁੱਚੀ ਭਾਜਪਾ ਪਰਿਵਾਰ ਨਾਲ ਡੱਟ ਕੇ ਖੜ੍ਹੀ ਹੈ ਤੇ ਪਰਿਵਾਰ ਨੂੰ ਇਨ